ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 242254 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦः-ਡਿਪਟੀ ਕਮਿਸ਼ਨਰ

## 240211 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

### 281.32 ਕਰੋੜ ਰੁਪਏ ਦੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ ਅਦਾਇਗੀ

### ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

ਫਾਜ਼ਿਲਕਾ 25 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਤੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਤੱਕ ਕਿਸਾਨਾਂ ਨੂੰ 281.32 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਹੋਰ ਦੱਸਿਆ ਕਿ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 242254 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 240211 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 48510 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 39607 ਮੀਟ੍ਰਿਕ ਟਨ, ਪਨਸਪ ਵੱਲੋਂ 70685 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 29594 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 20856 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 30940 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।